15ਵੀਂ ਵਿਧਾਨ ਸਭਾ
ਪੰਜਵਾਂ ਸਮਾਗਮ

ਪੰਜਾਬ ਵਿਧਾਨ ਸਭਾ
ਬੁਲੇਟਿਨ ਨੰ: 3
ਮੰਗਲਵਾਰ, 28 ਅਗਸਤ, 2018
(10.00 ਵਜੇ ਸਵੇਰ ਤੋਂ 08.06 ਵਜੇ ਰਾਤ ਤੱਕ)

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 08 | 01 | - | 11 | 15 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 06

2. ਹਾਊਸ ਦੀ ਕਮੇਟੀ ਦੇ ਗਠਨ ਸਬੰਧੀ ਪ੍ਰਸਤਾਵ

ਜ਼ੀਰੋ ਆਵਰ ਦੌਰਾਨ ਅਤੇ ਮਿਤੀ 27.08.2018 ਨੂੰ ਸਰਦਾਰ ਸੁਖਬੀਰ ਸਿੰਘ ਬਾਦਲ, ਐਮ.ਐਲ.ਏ. ਦੁਆਰਾ ਉਠਾਏ ਗਏ ਮਸਲੇ-ਸਰਦਾਰ ਬਲਜੀਤ ਸਿੰਘ ਦਾਦੂਵਾਲ ਦਾ ਸੀ.ਐਮ. ਹਾਊਸ ਜਾਣਾ, ਸਰਦਾਰ ਚੰਨਣ ਸਿੰਘ ਸਿੱਧੂ ਦੇ ਘਰ ਜਸਟਿਸ ਰਣਜੀਤ ਸਿੰਘ, ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ ਅਤੇ ਸ਼੍ਰੀ ਜੇ.ਐਸ. ਮਹਿਮੀ, ਰਜਿਸਟਰਾਰ ਦੀ ਮੀਟਿੰਗ ਅਤੇ ਕੁਝ ਟੈਲੀਫੋਨ ਨੰਬਰਾਂ ਤੇ ਜਸਟਿਸ ਰਣਜੀਤ ਸਿੰਘ, ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ ਅਤੇ ਹੋਰਾਂ ਦੀ ਹੋਈ ਗੱਲਬਾਤ ਸਬੰਧੀ ਮਾਨਯੋਗ ਮੁੱਖ ਮੰਤਰੀ ਦੁਆਰਾ ਹਾਊਸ ਦੀ ਕਮੇਟੀ ਬਣਾਉਣ ਦੇ ਕੀਤੇ ਗਏ ਪ੍ਰਸਤਾਵ ਤੇ ਸਦਨ ਵੱਲੋਂ ਸਹਿਮਤੀ ਦਿੱਤੀ ਗਈ।

3. **ਧਿਆਨ ਦਿਵਾਊ ਨੋਟਿਸ**

1. ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਐਮ.ਐਲ.ਏ ਅਤੇ ਸਰਦਾਰ ਹਰਪਾਲ ਸਿੰਘ ਚੀਮਾ, ਐਮ.ਐਲ.ਏ ਅਤੇ ਵਿਰੋਧੀ ਧਿਰ ਦੇ ਨੇਤਾ ਵਲੋਂ ਪੰਜਾਬ ਦਫ਼ਤਰੀ ਭਾਸ਼ਾ ਐਕਟ ਨੂੰ ਲਾਗੂ ਨਾ-ਕਰਨ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 6)

ਉਚੇਰੀ ਸਿੱਖਿਆ ਮੰਤਰੀ ਨੇ ਜਵਾਬ ਦਿੱਤਾ।

2. ਸਰਦਾਰ ਹਰਪਾਲ ਸਿੰਘ ਚੀਮਾ, ਐਮ.ਐਲ.ਏ ਅਤੇ ਵਿਰੋਧੀ ਧਿਰ ਦੇ ਨੇਤਾ, ਸਰਦਾਰ ਕੁਲਵੰਤ ਸਿੰਘ ਪੰਡੋਰੀ, ਐਮ.ਐਲ.ਏ ਅਤੇ ਪ੍ਰੋ.ਬਲਜਿੰਦਰ ਕੌਰ, ਐਮ.ਐਲ.ਏ ਵਲੋਂ ਬਰਨਾਲਾ, ਸੰਗਰੂਰ ਅਤੇ ਬਠਿੰਡਾ ਜ਼ਿਲ੍ਹਿਆਂ ਦੇ ਕੈਂਸਰ ਪ੍ਰਭਾਵਿਤ ਖੇਤਰਾਂ ਵਿੱਚ ਬੇਸਿਕ ਟੈਸਟਿੰਗ ਮਸ਼ੀਨਾਂ ਦੀ ਉਪਲੱਬਧਤਾ ਨਾ ਹੋਣ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 10)

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਨੇ ਜਵਾਬ ਦਿੱਤਾ।

4. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸ਼੍ਰੀ ਸੁਨੀਲ ਜਾਖੜ ਅਤੇ ਸਰਦਾਰ ਰਵਨੀਤ ਸਿੰਘ ਬਿੱਟੂ, ਮੈਂਬਰਜ਼ ਪਾਰਲੀਮੈਂਟ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

5. **ਵਾਕ ਆਊਟ**

ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਸਾਹਿਬਾਨ ਸਰਦਾਰ ਬਲਜੀਤ ਸਿੰਘ ਦਾਦੂਵਾਲ ਦੇ ਮੁੱਖ ਮੰਤਰੀ ਨਿਵਾਸ ਤੇ ਜਾਣ ਦੇ ਵਿਰੋਧ ਵਜੋਂ ਨਾਅਰੇ ਮਾਰਦੇ ਹੋਏ ਵਾਕ ਆਊਟ ਕਰ ਗਏ।

6. **ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

7. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: IV ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 6 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

**8. ਵਿਧਾਨਕ ਕੰਮ-ਕਾਰ**

1. **ਭਾਰਤੀ ਦੰਡ ਸੰਘਤਾ (ਪੰਜਾਬ ਸੋਧਨਾ) ਬਿਲ, 2016**

ਲੋਕ ਨਿਰਮਾਣ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਭਾਰਤੀ ਦੰਡ ਸੰਘਤਾ (ਪੰਜਾਬ ਸੋਧਨਾ) ਬਿਲ, 2016 ਜੋ ਕਿ 14ਵੀਂ ਪੰਜਾਬ ਵਿਧਾਨ ਸਭਾ ਦੁਆਰਾ ਇਸ ਦੇ 12ਵੇਂ ਸਮਾਗਮ ਦੇ ਦੌਰਾਨ 21 ਮਾਰਚ, 2016 ਨੂੰ ਪੇਸ਼ ਅਤੇ ਪਾਸ ਕੀਤਾ ਗਿਆ ਸੀ ਅਤੇ ਇਸ ਦੀ ਪ੍ਰਵਾਨਗੀ ਹਾਲੇ ਦਿੱਤੀ ਜਾਣੀ ਹੈ, ਨੂੰ ਵਾਪਸ ਲੈਂਦਾ ਹਾਂ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

2. **ਜ਼ਾਬਤਾ ਫੌਜਦਾਰੀ ਸੰਘਤਾ (ਪੰਜਾਬ ਸੋਧਨਾ) ਬਿਲ, 2016**

ਲੋਕ ਨਿਰਮਾਣ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਜ਼ਾਬਤਾ ਫੌਜਦਾਰੀ ਸੰਘਤਾ (ਪੰਜਾਬ ਸੋਧਨਾ) ਬਿਲ, 2016 ਜੋ ਕਿ 14ਵੀਂ ਪੰਜਾਬ ਵਿਧਾਨ ਸਭਾ ਦੁਆਰਾ ਇਸ ਦੇ 12ਵੇਂ ਸਮਾਗਮ ਦੇ ਦੌਰਾਨ 21 ਮਾਰਚ, 2016 ਨੂੰ ਪੇਸ਼ ਅਤੇ ਪਾਸ ਕੀਤਾ ਗਿਆ ਸੀ ਅਤੇ ਇਸ ਦੀ ਪ੍ਰਵਾਨਗੀ ਹਾਲੇ ਦਿੱਤੀ ਜਾਣੀ ਹੈ, ਨੂੰ ਵਾਪਸ ਲੈਂਦਾ ਹਾਂ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

3. **ਪੰਜਾਬ ਜਮ੍ਹਾਂਕਰਤਾਵਾਂ ਦੇ ਹਿੱਤਾਂ ਦੀ ਸੁਰੱਖਿਆ (ਵਿੱਤੀ ਸੰਸਥਾਵਾਂ ਵਿੱਚ) ਬਿਲ, 2015**

ਵਿੱਤ ਅਤੇ ਯੋਜਨਾ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਜਮ੍ਹਾਂਕਰਤਾਵਾਂ ਦੇ ਹਿੱਤਾਂ ਦੀ ਸੁਰੱਖਿਆ (ਵਿੱਤੀ ਸੰਸਥਾਵਾਂ ਵਿੱਚ) ਬਿਲ, 2015 ਜੋ ਕਿ 14ਵੀਂ ਵਿਧਾਨ ਸਭਾ ਦੁਆਰਾ ਇਸਦੇ 11ਵੇਂ ਸਮਾਗਮ ਦੇ ਦੌਰਾਨ 23 ਸਤੰਬਰ, 2015 ਨੂੰ ਪੇਸ਼ ਅਤੇ ਪਾਸ ਕੀਤਾ ਗਿਆ ਸੀ ਅਤੇ ਇਸ ਦੀ ਪ੍ਰਵਾਨਗੀ ਹਾਲੇ ਦਿੱਤੀ ਜਾਣੀ ਹੈ, ਨੂੰ ਵਾਪਸ ਲੈਂਦਾ ਹਾਂ " ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

4. **ਪੰਜਾਬ ਰਾਜ ਉਚੇਰੀ ਸਿੱਖਿਆ ਕੌਂਸਲ ਬਿਲ, 2018**

ਉਚੇਰੀ ਸਿੱਖਿਆ ਮੰਤਰੀ ਨੇ "ਪੰਜਾਬ ਰਾਜ ਉਚੇਰੀ ਸਿੱਖਿਆ ਕੌਂਸਲ ਬਿਲ, 2018" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 14 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਰਾਜ ਉਚੇਰੀ ਸਿੱਖਿਆ ਕੌਂਸਲ ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

5. **ਪੰਜਾਬ ਜਮ੍ਹਾਂਕਰਤਾਵਾਂ ਦੇ ਹਿੱਤਾਂ ਦੀ ਸੁਰੱਖਿਆ (ਵਿੱਤੀ ਸੰਸਥਾਵਾਂ ਵਿੱਚ) ਬਿਲ, 2018**

ਵਿੱਤ ਅਤੇ ਯੋਜਨਾ ਮੰਤਰੀ ਨੇ "ਪੰਜਾਬ ਜਮ੍ਹਾਂਕਰਤਾਵਾਂ ਦੇ ਹਿੱਤਾਂ ਦੀ ਸੁਰੱਖਿਆ (ਵਿੱਤੀ ਸੰਸਥਾਵਾਂ ਵਿੱਚ) ਬਿਲ, 2018" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਬਹਿਸ ਦੌਰਾਨ ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ 02 ਮਿੰਟ ਲਈ ਬੋਲੇ।

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਅਤੇ ਯੋਜਨਾ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 02 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 20 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਵਿੱਤ ਅਤੇ ਯੋਜਨਾ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਜਮ੍ਹਾਂਕਰਤਾਵਾਂ ਦੇ ਹਿੱਤਾਂ ਦੀ ਸੁਰੱਖਿਆ (ਵਿੱਤੀ ਸੰਸਥਾਵਾਂ ਵਿੱਚ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

6. <u>ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਦੀ ਤਨਖਾਹ ਅਤੇ ਭੱਤੇ (ਦੂਜੀ ਸੋਧਨਾ) ਬਿਲ, 2018</u>

ਸੰਸਦੀ ਮਾਮਲੇ ਮੰਤਰੀ ਨੇ "ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਦੀ ਤਨਖਾਹ ਅਤੇ ਭੱਤੇ (ਦੂਜੀ ਸੋਧਨਾ) ਬਿਲ, 2018" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਬਹਿਸ ਦੌਰਾਨ ਸਰਦਾਰ ਹਰਵਿੰਦਰ ਸਿੰਘ ਫੂਲਕਾ, ਆਮ ਆਦਮੀ ਪਾਰਟੀ 02 ਮਿੰਟ ਲਈ ਬੋਲੇ।

ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 01 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਦੀ ਤਨਖਾਹ ਅਤੇ ਭੱਤੇ (ਦੂਜੀ ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

**7.** **<u>ਭਾਰਤੀ ਦੰਡ ਸੰਘਤਾ (ਪੰਜਾਬ ਸੋਧਨਾ) ਬਿਲ, 2018</u>**

ਲੋਕ ਨਿਰਮਾਣ ਮੰਤਰੀ ਨੇ **"**ਭਾਰਤੀ ਦੰਡ ਸੰਘਤਾ (ਪੰਜਾਬ ਸੋਧਨਾ) ਬਿਲ, 2018**"** ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 02 ਮਿੰਟ |
| 2. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 01 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਅਤੇ 3 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਲੋਕ ਨਿਰਮਾਣ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ **"**ਭਾਰਤੀ ਦੰਡ ਸੰਘਤਾ (ਪੰਜਾਬ ਸੋਧਨਾ) ਬਿਲ, 2018 ਪਾਸ ਕੀਤਾ ਜਾਵੇ**"** ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

**8.** **<u>ਜ਼ਾਬਤਾ ਫ਼ੌਜਦਾਰੀ ਸੰਘਤਾ (ਪੰਜਾਬ ਸੋਧਨਾ) ਬਿਲ, 2018</u>**

ਲੋਕ ਨਿਰਮਾਣ ਮੰਤਰੀ ਨੇ **"**ਜ਼ਾਬਤਾ ਫ਼ੌਜਦਾਰੀ ਸੰਘਤਾ (ਪੰਜਾਬ ਸੋਧਨਾ) ਬਿਲ, 2018**"** ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 03 ਮਿੰਟ |
| 2. | ਸਰਦਾਰ ਸੁਖਪਾਲ ਸਿੰਘ ਖਹਿਰਾ, ਆਮ ਆਦਮੀ ਪਾਰਟੀ | 02 ਮਿੰਟ |
| 3. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 06 ਮਿੰਟ |
| 4. | ਸਰਦਾਰ ਬਿਕਰਮ ਸਿੰਘ ਮਜੀਠੀਆ , ਸ਼੍ਰੋਮਣੀ ਅਕਾਲੀ ਦਲ | 03 ਮਿੰਟ |

ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 02 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਲੋਕ ਨਿਰਮਾਣ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਜ਼ਾਬਤਾ ਫ਼ੌਜਦਾਰੀ ਸੰਘਤਾ (ਪੰਜਾਬ ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

**9. ਪੰਜਾਬ ਪੁਲਿਸ (ਦੂਜੀ ਸੋਧਨਾ) ਬਿਲ, 2018**

ਮੁੱਖ ਮੰਤਰੀ ਨੇ "ਪੰਜਾਬ ਪੁਲਿਸ (ਦੂਜੀ ਸੋਧਨਾ) ਬਿਲ, 2018" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 03 ਮਿੰਟ |
| 2. | ਸਰਦਾਰ ਜੈ ਕ੍ਰਿਸ਼ਨ ਸਿੰਘ, ਆਮ ਆਦਮੀ ਪਾਰਟੀ | 02 ਮਿੰਟ |
| 3. | ਸਰਦਾਰ ਬਿਕਰਮ ਸਿੰਘ ਮਜੀਠੀਆ , ਸ਼੍ਰੋਮਣੀ ਅਕਾਲੀ ਦਲ | 02 ਮਿੰਟ |
| 4. | ਸਰਦਾਰ ਸੁਖਪਾਲ ਸਿੰਘ ਖਹਿਰਾ, ਆਮ ਆਦਮੀ ਪਾਰਟੀ | 02 ਮਿੰਟ |

ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 01 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 7 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਪੁਲਿਸ (ਦੂਜੀ ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

9. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸਦਨ 12.54 ਵਜੇ ਬਾਅਦ ਦੁਪਹਿਰ ਤੋਂ 01.09 ਵਜੇ ਬਾਅਦ ਦੁਪਹਿਰ ਤੱਕ, 15 ਮਿੰਟ ਲਈ ਸਥਗਿਤ ਕੀਤਾ ਗਿਆ।

**10. ਜਸਟਿਸ (ਸੇਵਾ-ਨਿਵਿਰਤ) ਸ਼੍ਰੀ ਰਣਜੀਤ ਸਿੰਘ ਦੀ ਅਗਵਾਈ ਵਾਲੇ ਜਾਂਚ ਕਮਿਸ਼ਨ ਦੀ ਰਿਪੋਰਟ ਤੇ ਕੀਤੀ ਗਈ ਕਾਰਵਾਈ ਤੇ ਬਹਿਸ**

ਜਸਟਿਸ (ਸੇਵਾ-ਨਿਵਿਰਤ) ਸ਼੍ਰੀ ਰਣਜੀਤ ਸਿੰਘ ਦੀ ਅਗਵਾਈ ਵਾਲੇ ਜਾਂਚ ਕਮਿਸ਼ਨ ਦੀ ਰਿਪੋਰਟ ਤੇ ਕੀਤੀ ਗਈ ਕਾਰਵਾਈ ਤੇ ਬਹਿਸ ਦੌਰਾਨ ਹੇਠ ਲਿਖੇ ਮੈਂਬਰ ਸਾਹਿਬਾਨ ਨੇ ਹਿੱਸਾ ਲਿਆ:

| | | |
|---|---|---|
| 1. | ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ | 30 ਮਿੰਟ |
| 2. | ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਜੇਲ ਮੰਤਰੀ | 54 ਮਿੰਟ |
| 3. | ਸਰਦਾਰ ਅਮਰਜੀਤ ਸਿੰਘ ਸੰਦੋਆ, ਆਮ ਆਦਮੀ ਪਾਰਟੀ | 01 ਮਿੰਟ |
| 4. | ਸਰਦਾਰ ਹਰਵਿੰਦਰ ਸਿੰਘ ਫੂਲਕਾ, ਆਮ ਆਦਮੀ ਪਾਰਟੀ | 20 ਮਿੰਟ |
| 5. | ਸਰਦਾਰ ਨਵਜੋਤ ਸਿੰਘ ਸਿੱਧੂ, ਸਥਾਨਕ ਸਰਕਾਰ ਮੰਤਰੀ | 41 ਮਿੰਟ |
| 6. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 16 ਮਿੰਟ |
| 7. | ਸਰਦਾਰ ਕੁਸਲਦੀਪ ਸਿੰਘ ਕਿੱਕੀ ਢਿਲੋਂ, ਇੰਡੀਅਨ ਨੈਸ਼ਨਲ ਕਾਂਗਰਸ | 24 ਮਿੰਟ |
| 8. | ਸ਼੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ | 33 ਮਿੰਟ |
| 9. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 10 ਮਿੰਟ |
| 10. | ਸਰਦਾਰ ਸੁਖਪਾਲ ਸਿੰਘ ਖਹਿਰਾ, ਆਮ ਆਦਮੀ ਪਾਰਟੀ | 21 ਮਿੰਟ |
| 11. | ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਅਤੇ ਯੋਜਨਾ ਮੰਤਰੀ | 13 ਮਿੰਟ |
| 12. | ਪ੍ਰੋ. ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 13 ਮਿੰਟ |
| 13. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 15 ਮਿੰਟ |
| 14. | ਸਰਦਾਰ ਬਲਦੇਵ ਸਿੰਘ, ਆਮ ਆਦਮੀ ਪਾਰਟੀ | 07 ਮਿੰਟ |
| 15. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 12 ਮਿੰਟ |
| 16. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 25 ਮਿੰਟ |
| 17. | ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਦਿਹਾਤੀ ਵਿਕਾਸ ਅਤੇ ਪੰਚਾਇਤਾਂ ਮੰਤਰੀ | 34 ਮਿੰਟ |
| 18. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 08 ਮਿੰਟ |

ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ, ਪੰਜਾਬ ਬਹਿਸ ਦਾ ਜਵਾਬ ਦਿੰਦੇ ਹੋਏ 14 ਮਿੰਟ ਲਈ ਬੋਲੇ।

11. **ਨਿਖੇਧੀ ਪ੍ਰਸਤਾਵ**

1. ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਵੱਲੋਂ ਨਿਮਨਲਿਖਤ ਨਿਖੇਧੀ ਪ੍ਰਸਤਾਵ ਪੇਸ਼ ਕੀਤਾ ਗਿਆ ਅਤੇ ਪ੍ਰਵਾਨ ਹੋਇਆ:

"ਕਿ ਅੱਜ ਮਿਤੀ 28.08.2018 ਨੂੰ ਸਦਨ ਵਿੱਚ ਨਿਸ਼ਾਨ ਵਾਲੇ ਪ੍ਰਸ਼ਨ ਨੰ. 1442 ਤੇ ਸਪਲੀਮੈਂਟਰੀ ਕਰਦੇ ਸਮੇਂ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ ਵਲੋਂ ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਐਮ.ਐਲ.ਏ ਪ੍ਰਤੀ ਜੋ ਅਪਸ਼ਬਦ ਵਰਤੇ ਗਏ ਹਨ, ਉਹ ਇਤਰਾਜ਼ਯੋਗ ਹੋਣ ਕਾਰਨ ਸਮੂਹ ਸਦਨ ਵਲੋਂ ਅਸਵੀਕਾਰ ਕੀਤੇ ਜਾਂਦੇ ਹਨ। ਕਿਸੇ ਵੀ ਮੈਂਬਰ ਦੁਆਰਾ ਸਦਨ ਵਿੱਚ ਅਜਿਹੀ ਇਤਰਾਜ਼ਯੋਗ ਸ਼ਬਦਾਵਲੀ ਵਰਤਣੀ ਸ਼ੋਭਾ ਨਹੀਂ ਦਿੰਦੀ। ਇਸ ਲਈ ਸਦਨ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ ਵਲੋਂ ਵਰਤੇ ਗਏ ਅਪਸ਼ਬਦਾਂ ਦੀ ਘੋਰ ਨਿੰਦਾ ਕਰਦਾ ਹੈ।"

2. ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਵੱਲੋਂ ਨਿਮਨਲਿਖਤ ਨਿਖੇਧੀ ਪ੍ਰਸਤਾਵ ਪੇਸ਼ ਕੀਤਾ ਗਿਆ ਅਤੇ ਪ੍ਰਵਾਨ ਹੋਇਆ:

"ਕਿ ਜੋ ਅੱਜ ਮੈਂਬਰ ਲੌਂਜ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਮੈਂਬਰਾਂ ਵੱਲੋਂ ਮੌਕ ਅਸੰਬਲੀ ਲਗਾਈ ਗਈ ਹੈ, ਇਹ most undemocratic, most condemnable and unjustified ਹੈ। ਕਿਸੇ ਵੀ ਮੈਂਬਰ ਵੱਲੋਂ ਵਿਧਾਨ ਸਭਾ ਅਹਾਤੇ ਵਿੱਚ, ਵਿਧਾਨ ਸਭਾ ਦੇ ਬਰਾਬਰ ਕਾਰਵਾਈ ਚਲਾਉਣੀ ਨਿਯਮਾਂ ਅਤੇ ਸੰਸਦੀ ਪਰੰਪਰਾਵਾਂ ਦੇ ਉਲਟ ਹੈ। ਜੇਕਰ ਉਨ੍ਹਾਂ ਵੱਲੋਂ ਬਹਿਸ ਹੀ ਕਰਨੀ ਸੀ ਤਾਂ ਉਹ ਸਦਨ ਦੇ ਅੰਦਰ ਆ ਕੇ ਲੋਕਤੰਤਰਿਕ ਤਰੀਕੇ ਨਾਲ ਬਹਿਸ ਕਰ ਸਕਦੇ ਸੀ ਅਤੇ ਮਾਨਯੋਗ ਸਪੀਕਰ ਸਾਹਿਬ ਵੱਲੋਂ ਸਾਰਿਆਂ ਨੂੰ ਖੁਲ੍ਹਾ ਸਮਾਂ ਦੇਣ ਦਾ ਵਾਅਦਾ ਵੀ ਕੀਤਾ ਗਿਆ ਸੀ। ਅਜਿਹਾ ਕਰਕੇ ਉਨ੍ਹਾਂ ਵੱਲੋਂ ਵਿਧਾਨ ਸਭਾ ਦੀ, ਚੇਅਰ ਦੀ ਅਤੇ ਸੰਵਿਧਾਨ ਦੀ ਤੌਹੀਨ ਕੀਤੀ ਗਈ ਹੈ, ਜਿਸ ਦੀ ਇਹ ਸਦਨ ਘੋਰ ਨਿੰਦਾ ਕਰਦਾ ਹੈ। "

3. ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ ਵੱਲੋਂ ਨਿਮਨਲਿਖਤ ਨਿਖੇਧੀ ਪ੍ਰਸਤਾਵ ਪੇਸ਼ ਕੀਤਾ ਗਿਆ ਅਤੇ ਪ੍ਰਵਾਨ ਹੋਇਆ:

"ਕਿ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰਾਂ ਵਲੋਂ ਜਸਟਿਸ ਰਣਜੀਤ ਸਿੰਘ ਕਮਿਸ਼ਨ ਦੀ ਰਿਪੋਰਟ, ਜਿਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਸ੍ਰੀਮਦ ਭਾਗਵਦ ਗੀਤਾ ਅਤੇ ਕੁਰਾਨ ਸ਼ਰੀਫ਼ ਦਾ ਨਾਂ ਦਰਜ ਹੈ, ਨੂੰ ਸਦਨ ਵਿੱਚ ਖਿਲ੍ਹਾਰ ਕੇ, ਫਾੜ ਕੇ, ਪੈਰਾਂ ਥੱਲੇ ਰਗੜ ਕੇ ਤੇ ਰੋਲ ਕੇ ਸਦਨ ਵਿੱਚ ਜੋ ਬੇਅਦਬੀ ਕੀਤੀ ਗਈ ਹੈ, ਇਹ ਸਦਨ ਇਸ ਦੀ ਘੋਰ ਨਿੰਦਾ ਕਰਦਾ ਹੈ।"

4. ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ ਵੱਲੋਂ ਨਿਮਨਲਿਖਤ ਨਿਖੇਧੀ ਪ੍ਰਸਤਾਵ ਪੇਸ਼ ਕੀਤਾ ਗਿਆ ਅਤੇ ਪ੍ਰਵਾਨ ਹੋਇਆ:

"ਕਿ ਜਦੋਂ ਇਹ ਬਰਗਾੜੀ ਅਤੇ ਬਹਿਬਲ ਕਲਾਂ ਕਾਂਡ ਹੋਇਆ ਤਾਂ ਉਸ ਸਮੇਂ ਨਾ ਤਾਂ ਡਿਪਟੀ ਸੀ.ਐਮ. ਅਤੇ ਨਾ ਸੀ.ਐਮ ਵਲੋਂ ਉਸ ਜਗ੍ਹਾ ਤੇ ਪਹੁੰਚ ਕੀਤੀ ਗਈ। ਇਸ ਤੋਂ ਇਲਾਵਾ ਨਾ ਹਿੰਦੁਸਤਾਨ ਦੇ ਹੋਮ ਮਨਿਸਟਰ ਅਤੇ ਨਾ ਹੀ ਪ੍ਰਾਈਮ ਮਨਿਸਟਰ ਵਲੋਂ ਵੀ ਪੰਜਾਬ ਦੇ ਵਿਗੜੇ ਹਾਲਾਤ ਦੇ ਮੱਦੇ ਨਜ਼ਰ ਕੋਈ ਕਾਰਵਾਈ ਕੀਤੀ ਗਈ। ਉਨ੍ਹਾਂ ਵਲੋਂ ਪੰਜਾਬ ਦੇ ਲੋਕਾਂ ਦੇ ਜ਼ਖਮਾਂ ਤੇ ਮਲ੍ਹਮ ਲਗਾਉਣ ਲਈ ਕੋਈ ਕਦਮ ਨਹੀਂ ਚੁੱਕਿਆ ਗਿਆ। ਇਸ ਲਈ ਦੇਸ਼ ਦੇ ਪ੍ਰਧਾਨ ਮੰਤਰੀ, ਸੂਬੇ ਦੇ ਤਤਕਾਲੀ ਮੁੱਖ ਮੰਤਰੀ ਅਤੇ ਡਿਪਟੀ ਮੁੱਖ ਮੰਤਰੀ ਵਲੋਂ ਪੰਜਾਬ ਪ੍ਰਤੀ ਅਪਣਾਈ ਗਈ ਬੇਰੁੱਖੀ ਦੀ ਇਹ ਸਦਨ ਨਿੰਦਾ ਕਰਦਾ ਹੈ ਅਤੇ ਉਨ੍ਹਾਂ ਵਲੋਂ ਇਸ ਸਬੰਧੀ ਪੰਜਾਬੀਆਂ ਕੋਲੋਂ ਮੁਆਫ਼ੀ ਮੰਗਣ ਦੀ ਮੰਗ ਕਰਦਾ ਹੈ। "

12. **ਵਿਸ਼ੇਸ਼ ਅਧਿਕਾਰ ਹਨਨ ਦਾ ਪ੍ਰਸਤਾਵ**

ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਵੱਲੋਂ ਨਿਮਨਲਿਖਤ ਵਿਸ਼ੇਸ਼ ਅਧਿਕਾਰ ਹਨਨ ਪ੍ਰਸਤਾਵ ਪੇਸ਼ ਕੀਤਾ ਗਿਆ ਅਤੇ ਪ੍ਰਵਾਨ ਹੋਇਆ:

"ਕਿ ਇਹ ਸਦਨ ਮਹਿਸੂਸ ਕਰਦਾ ਹੈ ਕਿ ਜਸਟਿਸ ਰਣਜੀਤ ਸਿੰਘ ਕਮਿਸ਼ਨ ਦੀ ਰਿਪੋਰਟ ਸਦਨ ਵਿੱਚ ਪੇਸ਼ ਹੋਣ ਤੋਂ ਪਹਿਲਾਂ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੀਟਿੰਗ ਬੁਲਾ ਕੇ ਅਤੇ ਇਸ ਰਿਪੋਰਟ ਨੂੰ ਖਾਰਜ ਕਰਕੇ ਸਦਨ ਦੀ ਮਾਣ ਮਰਿਆਦਾ ਦਾ ਹਨਨ ਕੀਤਾ ਹੈ। ਇਹ ਸਦਨ ਮੰਗ ਕਰਦਾ ਹੈ ਕਿ ਮਾਮਲੇ ਦੀ ਗੰਭੀਰਤਾ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਿਰੁੱਧ ਕਾਰਵਾਈ ਕਰਨ ਹਿੱਤ ਮਾਮਲਾ ਪੰਜਾਬ ਵਿਧਾਨ ਸਭਾ ਦੀ ਵਿਸ਼ੇਸ਼ ਅਧਿਕਾਰ ਕਮੇਟੀ ਨੂੰ ਸੌਂਪਿਆ ਜਾਵੇ।"

13. ਸਰਕਾਰੀ ਮਤਾ

ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਦਿਹਾਤੀ ਵਿਕਾਸ ਅਤੇ ਪੰਚਾਇਤਾਂ ਮੰਤਰੀ ਵੱਲੋਂ ਨਿਮਨਲਿਖਤ ਮਤਾ ਪੇਸ਼ ਕੀਤਾ ਗਿਆ ਅਤੇ ਸਰਦਾਰ ਸਾਧੂ ਸਿੰਘ, ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਮੰਤਰੀ ਵਲੋਂ ਇਸ ਮਤੇ ਦੀ ਪ੍ਰੋੜ੍ਹਤਾ ਕੀਤੀ ਗਈ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਕਿ ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੀ ਬੇਅਦਬੀ ਨਾਲ ਸਬੰਧਿਤ ਕੋਟਕਪੂਰਾ, ਬਰਗਾੜੀ, ਬਹਿਬਲ ਕਲਾਂ ਆਦਿ ਵਿੱਚ ਹੋਈਆਂ ਪੁਲਿਸ ਫਾਇਰਿੰਗ ਅਤੇ ਬੇਅਦਬੀ ਦੀਆਂ ਘਟਨਾਵਾਂ ਦੇ ਸਬੰਧ ਵਿੱਚ ਦਰਜ ਕੀਤੇ ਗਏ ਕੇਸ ਜੋ ਪੰਜਾਬ ਸਰਕਾਰ ਵਲੋਂ ਸੀ.ਬੀ.ਆਈ ਨੂੰ ਸੌਂਪੇ ਗਏ ਸਨ, ਉਹ ਕੇਸ ਸੀ.ਬੀ.ਆਈ. ਤੋਂ ਵਾਪਸ ਲੈ ਕੇ ਉਨ੍ਹਾਂ ਦੀ ਇਨਵੈਸਟੀਗੇਸ਼ਨ ਇਕ ਵਿਸ਼ੇਸ਼ ਇਨਵੈਸਟੀਗੇਸ਼ਨ ਟੀਮ ਰਾਹੀਂ ਕਰਵਾਈ ਜਾਵੇ।"

ਸਰਦਾਰ ਹਰਵਿੰਦਰ ਸਿੰਘ ਫੂਲਕਾ, ਆਮ ਆਦਮੀ ਪਾਰਟੀ ਮਤੇ ਤੇ ਹੋਈ ਬਹਿਸ ਵਿਚ 01 ਮਿੰਟ ਲਈ ਬੋਲੇ।

ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ ਮਤੇ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 01 ਮਿੰਟ ਲਈ ਬੋਲੇ।

**14. ਸਦਨ ਦਾ ਸਮਾਂ ਵਧਾਉਣਾ**

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਜ ਦੀ ਕਾਰਵਾਈ ਖਤਮ ਹੋਣ ਤੱਕ ਵਧਾਇਆ ਗਿਆ।

ਮਾਨਯੋਗ ਡਿਪਟੀ ਸਪੀਕਰ ਨੇ 3.43 ਬਾਅਦ ਦੁਪਹਿਰ ਤੋਂ 4.41 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਚੰਡੀਗੜ੍ਹ
28 ਅਗਸਤ, 2018

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।

............